# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 19-05-2025**

- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਜ਼ੋਰ ਦੇ ਕੇ ਕਿਹਾ ਏ ਕਿ ਸਿੰਧੂ ਜਲ ਸੰਧੀ ਨੂੰ ਮੁਲਤਵੀ ਕਰਨ ਨਾਲ ਰਾਜਸਥਾਨ, ਹਰਿਆਣਾ, ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਕੁਝ ਹਿੱਸਿਆਂ ਦੇ ਕਿਸਾਨਾਂ ਨੂੰ ਬੇਹਦ ਫਾਇਦਾ ਹੋਵੇਗਾ।
- ਕਿਸਾਨਾਂ ਨੂੰ ਬਿਹਤਰ ਖੇਤੀਬਾੜੀ ਤਕਨੀਕਾਂ ਅਤੇ ਬੀਜਾਂ ਬਾਰੇ ਜਾਣਕਾਰੀ ਪ੍ਰਦਾਨ ਕਰਨ ਲਈ ਵਿਕਸਤ ਖੇਤੀਬਾੜੀ ਸੰਕਲਪ ਅਭਿਆਨ ਤਹਿਤ 29 ਮਈ ਤੋਂ 12 ਜੂਨ ਤਕ ਦੇਸ਼ ਭਰ ‘ਚ ਇੱਕ ਮੁਹਿੰਮ ਚਲਾਈ ਜਾਏਗੀ.
- BJP ਦੇ ਰਾਸ਼ਟਰੀ ਜਨਰਲ ਸਕੱਤਰ, ਤਰੁਣ ਚੁੱਘ ਨੇ ਕਿਹਾ ਏ ਕਿ 8 ਮਈ ਨੂੰ ਅੰਮ੍ਰਿਤਸਰ ਦੇ ਸ੍ਰੀ ਹਰਿਮੰਦਰ ਸਾਹਿਬ 'ਤੇ ਪਾਕਿਸਤਾਨ ਵੱਲੋਂ ਕੀਤਾ ਗਿਆ ਕਥਿਤ ਹਵਾਈ ਹਮਲਾ ਪਾਕਿਸਤਾਨੀ ਫੌਜ ਅਤੇ ਸਰਕਾਰ ਦੀ ਮਾਨਸਿਕ ਦੇ ਦਿਵਾਲਿਏਪਨਪਨ ਨੂੰ ਦਰਸਾਉਂਦਾ ਏ ।

- ਪੰਜਾਬ ਪੁਲਿਸ ਨੇ ਸੰਵੇਦਨਸ਼ੀਲ ਫੌਜੀ ਜਾਣਕਾਰੀ ਲੀਕ ਕਰਨ ਵਿੱਚ ਸ਼ਾਮਲ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ .
- IPL ਕ੍ਰਿਕੇਟ ਵਿੱਚ, ਅੱਜ ਲਖਨਊ ਦੇ ਏਕਾਨਾ ਕ੍ਰਿਕੇਟ ਸਟੇਡੀਅਮ ਵਿੱਚ, ਮੇਜ਼ਬਾਨ ਲਖਨਊ ਸੁਪਰ ਜਾਇੰਟਸ ਦਾ ਮੁਕਾਬਲਾ ਸਨਰਾਈਜ਼ਰਜ਼ ਹੈਦਰਾਬਾਦ ਨਾਲ ਹੋਵੇਗਾ। ਇਹ ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ।

--------------------------------------------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਜ਼ੋਰ ਦੇ ਕੇ ਕਿਹਾ ਏ ਕਿ ਸਿੰਧੂ ਜਲ ਸੰਧੀ ਨੂੰ ਮੁਲਤਵੀ ਕਰਨ ਨਾਲ ਰਾਜਸਥਾਨ, ਹਰਿਆਣਾ, ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਕੁਝ ਹਿੱਸਿਆਂ ਦੇ ਕਿਸਾਨਾਂ ਨੂੰ ਬੇਹਦ ਫਾਇਦਾ ਹੋਵੇਗਾ। ਮੰਤਰੀ ਨੇ ਇਹ ਗੱਲ ਨਵੀਂ ਦਿੱਲੀ ਵਿੱਚ ਦੇਸ਼ ਭਰ ਦੇ ਕਿਸਾਨਾਂ ਦੇ ਵੱਖ-ਵੱਖ ਸਮੂਹਾਂ ਨਾਲ ਗੱਲਬਾਤ ਕਰਦਿਆਂ ਕਹੀ। ਸ਼੍ਰੀ ਚੌਹਾਨ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਵਿੱਖ ਵਿੱਚ ਇਸ ਪਾਣੀ ਦੀ ਵਰਤੋਂ ਬਾਰੇ ਇੱਕ ਵਿਆਪਕ ਰਣਨੀਤੀ ਬਣਾਈ ਜਾਵੇਗੀ ਤਾਂ ਜੋ ਸਾਰਿਆਂ ਲਈ ਵੱਧ ਤੋਂ ਵੱਧ ਲਾਭ ਯਕੀਨੀ ਬਣਾਇਆ ਜਾ ਸਕੇ। ਸ਼੍ਰੀ ਚੌਹਾਨ ਨੇ ਸਿੰਧੂ ਜਲ ਸੰਧੀ ਨੂੰ ਮੁਅੱਤਲ ਕਰਨ ਨੂੰ ਇੱਕ ਇਤਿਹਾਸਕ ਫੈਸਲਾ ਕਰਾਰ ਦਿੱਤਾ. ਉਨ੍ਹਾਂ ਕਿਹਾ ਕਿ

ਪਾਕਿਸਤਾਨ ਨੂੰ ਪਾਣੀ ਦੇਣਾ ਭਾਰਤੀ ਕਿਸਾਨਾਂ ਨਾਲ ਬੇਇਨਸਾਫ਼ੀ ਏ -

**BYTE -**

ਕੇਂਦਰੀ ਮੰਤਰੀ ਨੇ ਕਿਸਾਨ ਸਮੂਹਾਂ ਦੇ ਪ੍ਰਤੀਨਿਧੀਆਂ ਨਾਲ ਵੀ ਗੱਲਬਾਤ ਕੀਤੀ ਅਤੇ ਸਿੰਧੂ ਜਲ ਸੰਧੀ ਬਾਰੇ ਉਨ੍ਹਾਂ ਦੇ ਸੁਝਾਅ ਲਏ।

---------------------------------------------------------------------------------------------------

ਪਹਿਲਾਂ ਨਵੀਂ ਦਿੱਲੀ'ਚ ਇੱਕ ਪ੍ਰੈਸ ਕਾਨਫਰੰਸ'ਚ ਖੇਤੀਬਾੜੀ ਮੰਤਰੀ ਨੇ ਕਿਹਾ ਏ ਕਿ ਦੇਸ਼ ਭਰ ਵਿੱਚ ਵਿਕਸਤ ਖੇਤੀਬਾੜੀ ਸੰਕਲਪ ਅਭਿਆਨ ਲਈ ਇੱਕ ਮੁਹਿੰਮ ਸ਼ੁਰੂ ਕੀਤੀ ਜਾਵੇਗੀ। ਇਹ ਮੁਹਿੰਮ ਇਸ ਮਹੀਨੇ ਦੀ 29 ਤਰੀਕ ਤੋਂ ਸ਼ੁਰੂ ਹੋਵੇਗੀ ਅਤੇ 12 ਜੂਨ ਤੱਕ ਜਾਰੀ ਰਹੇਗੀ। ਇਸ ਮੁਹਿੰਮ ਦਾ ਉਦੇਸ਼ ਕਿਸਾਨਾਂ ਨੂੰ ਬਿਹਤਰ ਖੇਤੀਬਾੜੀ ਤਕਨੀਕਾਂ ਅਤੇ ਬੀਜਾਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਏ। ਸ਼੍ਰੀ ਸਿੰਘ ਨੇ ਕਿਹਾ ਕਿ ਇਹ ਮੁਹਿੰਮ ਦੇਸ਼ ਭਰ ਦੇ 723 ਜ਼ਿਲ੍ਹਿਆਂ ਵਿੱਚ ਚਲਾਈ ਜਾਵੇਗੀ ਅਤੇ ਲਗਭਗ ਡੇਢ ਕਰੋੜ ਕਿਸਾਨਾਂ ਨੂੰ ਇਸਦਾ ਲਾਭ ਮਿਲੇਗਾ-BYTE -

ਸ਼੍ਰੀ ਚੌਹਾਨ ਨੇ ਕਿਹਾ ਕਿ ਖੇਤੀਬਾੜੀ ਭਾਰਤੀ ਅਰਥਵਿਵਸਥਾ ਦੀ ਰੀੜ੍ਹ ਏ ਤੇ ਦੇਸ਼ ਦੀ ਲਗਭਗ ਅੱਧੀ ਆਬਾਦੀ ਆਪਣੀ ਰੋਜ਼ੀ-ਰੋਟੀ ਲਈ ਖੇਤੀਬਾੜੀ 'ਤੇ ਨਿਰਭਰ ਕਰਦੀ ਏ ਅਤੇ ਖੇਤੀਬਾੜੀ ਖੇਤਰ ਦੇਸ਼ ਦੀ ਖੁਰਾਕ ਸੁਰੱਖਿਆ ਦੀ ਬੁਨਿਆਦ ਏ। ਉਨ੍ਹਾਂ ਕਿਹਾ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਵਿਕਸਤ ਭਾਰਤ ਵਰਗੀ ਇੱਕ

ਮਹੱਤਵਪੂਰਨ ਅਤੇ ਪਰਿਵਰਤਨਸ਼ੀਲ ਮੁਹਿੰਮ ਜਾਰੀ ਏ । ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਅਨਾਜ ਉਤਪਾਦਨ ਲਗਾਤਾਰ ਵਧ ਰਿਹਾ ਏ-BYTE --

----------------------------------------------------------------------------------------

ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ, ਤਰੁਣ ਚੁੱਘ ਨੇ ਕਿਹਾ ਏ ਕਿ 8 ਮਈ ਨੂੰ ਅੰਮ੍ਰਿਤਸਰ ਦੇ ਸ੍ਰੀ ਹਰਿਮੰਦਰ ਸਾਹਿਬ 'ਤੇ ਪਾਕਿਸਤਾਨ ਵੱਲੋਂ ਕੀਤਾ ਗਿਆ ਕਥਿਤ ਹਵਾਈ ਹਮਲਾ ਪਾਕਿਸਤਾਨੀ ਫੌਜ ਅਤੇ ਸਰਕਾਰ ਦੀ ਮਾਨਸਿਕ ਦੇ ਦਿਵਾਲਿਏਪਨਪਨ ਨੂੰ ਦਰਸਾਉਂਦਾ ਏ । ਭਾਰਤ ਦੇ 'ਆਪ੍ਰੇਸ਼ਨ ਸਿੰਦੂਰ' ਦੇ ਜਵਾਬ ਵਿੱਚ ਡਰੋਨ ਅਤੇ ਮਿਜ਼ਾਈਲਾਂ ਰਾਹੀਂ ਪਵਿੱਤਰ ਸਥਾਨ ਨੂੰ ਨਿਸ਼ਾਨਾ ਬਣਾ ਕੇ ਕੀਤੇ ਗਏ ਹਵਾਈ ਹਮਲੇ ਸੰਬੰਧੀ ਇੱਕ ਫੌਜੀ ਅਧਿਕਾਰੀ ਦੇ ਬਿਆਨ ਦਾ ਹਵਾਲਾ ਦਿੰਦੇ ਹੋਏ, ਸ੍ਰੀ ਚੁੱਘ ਨੇ ਕਿਹਾ ਕਿ ਸਾਡੀਆਂ ਬਹਾਦਰ ਹਥਿਆਰਬੰਦ ਫੌਜਾਂ ਨੇ ਭਾਰਤ ਦੀ ਆਤਮਾ 'ਤੇ ਹਮਲਾ ਕਰਨ ਲਈ ਕੀਤੇ ਗਏ ਯਤਨ ਨੂੰ ਨਾਕਾਮ ਕਰ ਦਿੱਤਾ- **BYTE -**

ਉਨ੍ਹਾਂ ਨੇ ਪੁੰਛ ਦੇ ਇੱਕ ਗੁਰਦੁਆਰੇ 'ਤੇ ਪਾਕਿਸਤਾਨੀ ਫੌਜ ਵੱਲੋਂ ਕੀਤੇ ਗਏ ਅਜਿਹੇ ਇੱਕ ਹਮਲੇ ਦਾ ਵੀ ਜ਼ਿਕਰ ਕੀਤਾ ਜਿਸ ਵਿੱਚ ਤਿੰਨ ਲੋਕ ਮਾਰੇ ਗਏ ਸਨ।

----------------------------------------------------------------------------------------

ਜਾਸੂਸੀ ਵਿਰੋਧੀ ਇੱਕ ਕਾਰਵਾਈ ਵਿੱਚ, ਪੰਜਾਬ ਪੁਲਿਸ ਨੇ ਸੰਵੇਦਨਸ਼ੀਲ ਫੌਜੀ ਜਾਣਕਾਰੀ ਲੀਕ ਕਰਨ ਵਿੱਚ ਸ਼ਾਮਲ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ, ਰਾਸ਼ਟਰੀ ਸੁਰੱਖਿਆ ਨਾਲ ਸਮਝੌਤਾ ਕਰਨ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ ਏ ਕਿ, ਗੁਰਦਾਸਪੁਰ ਤੋਂ ਸੁਖਪ੍ਰੀਤ ਸਿੰਘ ਅਤੇ ਕਰਨਬੀਰ ਸਿੰਘ, ਆਪਰੇਸ਼ਨ ਸਿੰਦੂਰ ਨਾਲ ਸਬੰਧਤ ਗੁਪਤ ਜਾਣਕਾਰੀ ਸਾਂਝੀ ਕਰ ਰਹੇ ਸਨ, ਜਿਸ ਵਿੱਚ ਫੌਜ ਦੀਆਂ ਗਤੀਵਿਧੀਆਂ ਅਤੇ ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਵਿੱਚ ਮੁੱਖ ਰਣਨੀਤਕ ਥਾਵਾਂ ਸ਼ਾਮਲ ਸਨ। ਤੁਰੰਤ ਕਾਰਵਾਈ ਕਰਦਿਆਂ, ਗੁਰਦਾਸਪੁਰ ਪੁਲਿਸ ਨੇ ਦੋਵਾਂ ਸ਼ੱਕੀ ਜਾਸੂਸਾਂ ਨੂੰ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਦੇ ਮੋਬਾਈਲ ਫੋਨਾਂ ਦੀ ਫੋਰੈਂਸਿਕ ਜਾਂਚ ਨੇ ਖੁਫੀਆ ਜਾਣਕਾਰੀ ਦੀ ਪੁਸ਼ਟੀ ਕੀਤੀ ਏ। ਪੁਲਿਸ ਟੀਮ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ, 3 ਮੋਬਾਈਲ ਫੋਨ ਅਤੇ ਜ਼ਿੰਦਾ ਕਾਰਤੂਸ ਵੀ ਬਰਾਮਦ ਕੀਤੇ ਨੇ। DIG ਬਾਰਡਰ Range ਨੇ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ - **BYTE**

ਇਸ ਤੋਂ ਪਹਿਲਾਂ, 11 ਮਈ ਨੂੰ ਪੁਲਿਸ ਨੇ ਮਲੇਰਕੋਟਲਾ ਤੋਂ ਦੋ ਜਾਸੂਸਾਂ, ਜਿਨ੍ਹਾਂ ਵਿੱਚ ਇੱਕ ਔਰਤ Gazala ਅਤੇ Yamin Mohammad ਸ਼ਾਮਲ ਸਨ, ਨੂੰ ਗ੍ਰਿਫ਼ਤਾਰ ਕੀਤਾ ਸੀ। ਇਸ ਤੋਂ ਇਲਾਵਾ ਇੱਕ ਦਵਿੰਦਰ ਸਿੰਘ ਢਿੱਲੋਂ ਨੂੰ ਵੀ ਹਰਿਆਣਾ ਦੇ ਕੈਥਲ ਤੋਂ ਗ੍ਰਿਫ਼ਤਾਰ ਕੀਤਾ ਗਿਆ ਏ।

---

ਜ਼ਿਲਾ ਫਤਿਹਗੜ੍ਹ ਸਾਹਿਬ ਵਿੱਚ ਪਿਛਲੇ ਦਿਨੀਂ ਸਾਈਬਰ ਕ੍ਰਾਈਮ ਦੇ ਦਰਜ਼ ਹੋਏ ਮਾਮਲੇ ਵਿੱਚ 30 ਲੱਖ ਦੀ ਠੱਗੀ ਦੇ ਦੋਸ਼ ਵਿੱਚ ਸਾਈਬਰ ਕ੍ਰਾਈਮ ਪੁਲਿਸ ਵੱਲੋਂ ਦੋ ਹੋਰ ਵਿਅਕਤੀਆਂ ਦੀ ਸ਼ਮੂਲੀਅਤ ਦਾ ਪਤਾ ਲਾਇਆ ਗਿਆ ਏ, ਤੇ ਇਹ ਦੋਨੋਂ ਕਥਿਤ ਮੁਲਜ਼ਮ ਸੈਂਟਰਲ ਜੇਲ ਅੰਬਾਲਾ ਵਿੱਚ ਫਾਈਬਰ ਕਰਾਈਮ ਵਰਗੇ ਵੱਖ ਵੱਖ ਮਾਮਲਿਆਂ ਵਿੱਚ ਬੰਦ ਸਨ। ਥਾਣਾ ਸਾਈਬਰ ਕ੍ਰਾਈਮ ਦੇ ਇੰਚਾਰਜ ਇੰਸਪੈਕਟਰ ਸੰਦੀਪ ਸਿੰਘ ਨੇ ਦੱਸਿਆ ਕਿ ਇਹਨਾਂ ਕਥਿਤ ਆਰੋਪੀਆਂ ਖਿਲਾਫ ਪਹਿਲਾਂ ਵੀ ਮੁਕੱਦਮੇ ਦਰਜ ਨੇ.

---

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਨਰਮਾ ਪੱਟੀ ਵਾਲੇ ਜ਼ਿਲ੍ਹਿਆਂ ਵਿੱਚ ਨਰਮੇ ਦੀ ਫਸਲ ਨੂੰ ਮੁੜ ਸੁਰਜੀਤ ਕਰਨ ਲਈ ਅਤੇ ਕਿਸਾਨਾਂ ਨੂੰ ਨਰਮੇ ਹੇਠ ਵੱਧ ਤੋਂ ਵੱਧ ਰਕਬਾ ਲਿਆਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਨੇ. ਇਸ ਬਾਰੇ ਜਾਣਕਾਰੀ ਦਿੰਦਿਆਂ ਸ੍ਰੀ ਮੁਕਤਸਰ ਸਾਹਿਬ ਦੇ ਮੁੱਖ ਖੇਤੀਬਾੜੀ ਅਫਸਰ ਨੇ ਕਰਨਜੀਤ ਸਿੰਘ ਗਿੱਲ, ਨੇ ਕਿਹਾ ਕਿ ਪਿੰਡਾਂ ਵਿੱਚ ਨਰਮੇਂ ਦੀ ਬਿਜਾਈ ਵਾਲੇ ਖੇਤਾਂ ਨੂੰ ਨਹਿਰੀ ਪਾਣੀ ਦੀ ਸਪਲਾਈ 25 ਮਈ ਤੱਕ ਨਿਰੰਤਰ ਜਾਰੀ ਰਹੇਗੀ। ਓਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਓਹ ਨਰਮੇਂ ਦੀ ਬਿਜਾਈ ਜਲਦੀ

ਕਰ ਲੈਣ।ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਝੋਨੇ ਦੇ ਹੇਠੋਂ ਰਕਬਾ ਘਟਾ ਕੇ ਬਾਸਮਤੀ, ਮੱਕੀ ਅਤੇ ਨਰਮੇ ਤਹਿਤ ਲਿਆਉਣ ਲਈ ਯੋਗ ਉਪਰਾਲੇ ਕੀਤੇ ਜਾ ਰਹੇ ਨੇ ਤਾਂ ਜੋ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਰੋਕਿਆ ਜਾ ਸਕੇ। ਪਿੰਡ ਪੱਧਰ ’ਤੇ ਕਿਸਾਨਾਂ ਨੂੰ ਬਿਹਤਰ ਖੇਤੀਬਾੜੀ ਸੇਵਾਵਾਂ ਪ੍ਰਦਾਨ ਕਰਨ ਲਈ ਅਤੇ ਕਿਸਾਨਾਂ ਤੱਕ ਸਰਕਾਰ ਦੀਆਂ ਗਤੀਵਿਧੀਆਂ ਪਹੁੰਚਾਉਣ ਲਈ ਉਪਰਾਲੇ ਕੀਤੇ ਜਾ ਰਹੇ ਨੇ. ਸਰਕਾਰ ਵੱਲੋਂ ਇਨ੍ਹਾਂ ਯਤਨਾਂ ਦੇ ਤਹਿਤ ਨਰਮੇ ਦੇ ਬੀਜ ਉੱਪਰ 33 ਫੀਸਦੀ ਸਬਸਿਡੀ ਵੀ ਦਿੱਤੀ ਜਾ ਰਹੀ ਏ. ਇਸ ਸਬੰਧੀ ਕਿਸਾਨ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਸਿਫਾਰਸ਼ ਕੀਤੀਆਂ ਗਈਆਂ ਬੀ.ਟੀ. ਕਿਸਮਾਂ ਦਾ ਬੀਜ ਖਰੀਦਣ ਉਪਰੰਤ ਸਬਸਿਡੀ ਲਈ 31 ਮਈ ਤੱਕ ਖੇਤੀਬਾੜੀ ਵਿਭਾਗ ਵੱਲੋਂ ਜਾਰੀ ਪੋਰਟਲ www.agri machinery pb .com ’ਤੇ ਅਰਜ਼ੀ ਦੇ ਸਕਦੇ ਨੇ.

---------------------------------------------------------------------------

ਬਠਿੰਡਾ, ਦੇ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਵੱਲੋਂ ਅੱਜ ਜ਼ਿਲਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ‘ਚ ਪੰਜਾਬ ਦੀ ਮੈਰਿਟ ਸੂਚੀ ‘ਚ ਆਉਣ ਵਾਲੇ ਦਸਵੀਂ ਤੇ ਬਾਰਵੀਂ ਦੇ ਸਰਕਾਰੀ ਸਕੂਲਾਂ ਦੇ

ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ। ਇਨ੍ਹਾਂ ‘ਚ ਜਮਾਤ ਬਾਰਵੀਂ ਦੇ 11 ਅਤੇ ਜਮਾਤ ਦਸਵੀਂ ਦੇ 6 ਵਿਦਿਆਰਥੀ ਸ਼ਾਮਲ ਸਨ।

-----------------------------------------------------------------------------------

ਭਾਰਤੀ ਕ੍ਰਿਕਟ ਕੰਟਰੋਲ ਬੋਰਡ (BCCI) ਦੇ ਸਕੱਤਰ ਦੇਵਜੀਤ ਸੈਕੀਆ ਨੇ ਅੱਜ ਕਿਹਾ ਕਿ ਏਸ਼ੀਅਨ ਕ੍ਰਿਕਟ ਕੌਂਸਲ ਦੇ ਸਮਾਗਮਾਂ ਵਿੱਚ ਭਾਗੀਦਾਰੀ ਨਾਲ ਸਬੰਧਤ ਕੋਈ ਵੀ ਮਾਮਲਾ ਕਿਸੇ ਵੀ ਪੱਧਰ 'ਤੇ ਚਰਚਾ ਲਈ ਨਹੀਂ ਆਇਆ ਹੈ। ਉਨ੍ਹਾਂ ਕਿਹਾ ਕਿ ਇਸ ਵਿਸ਼ੇ 'ਤੇ ਕੋਈ ਵੀ ਖ਼ਬਰ ਜਾਂ ਰਿਪੋਰਟ ਪੂਰੀ ਤਰ੍ਹਾਂ ਅਟਕਲਾਂ ਅਤੇ ਕਾਲਪਨਿਕ ਹੈ।

-----------------------------------------------------------------------------------

IPL ਕ੍ਰਿਕੇਟ ਵਿੱਚ, ਅੱਜ ਲਖਨਊ ਦੇ ਏਕਾਨਾ ਕ੍ਰਿਕੇਟ ਸਟੇਡੀਅਮ ਵਿੱਚ, ਮੇਜ਼ਬਾਨ ਲਖਨਊ ਸੁਪਰ ਜਾਇੰਟਸ ਦਾ ਮੁਕਾਬਲਾ ਸਨਰਾਈਜ਼ਰਜ਼ ਹੈਦਰਾਬਾਦ ਨਾਲ ਹੋਵੇਗਾ। ਇਹ ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ।

-----------------------------------------------------------------------------------

- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਜ਼ੋਰ ਦੇ ਕੇ ਕਿਹਾ ਏ ਕਿ ਸਿੰਧੂ ਜਲ ਸੰਧੀ ਨੂੰ ਮੁਲਤਵੀ ਕਰਨ ਨਾਲ ਰਾਜਸਥਾਨ, ਹਰਿਆਣਾ, ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਕੁਝ ਹਿੱਸਿਆਂ ਦੇ ਕਿਸਾਨਾਂ ਨੂੰ ਬੇਹਦ ਫਾਇਦਾ ਹੋਵੇਗਾ।

- ਕਿਸਾਨਾਂ ਨੂੰ ਬਿਹਤਰ ਖੇਤੀਬਾੜੀ ਤਕਨੀਕਾਂ ਅਤੇ ਬੀਜਾਂ ਬਾਰੇ ਜਾਣਕਾਰੀ ਪ੍ਰਦਾਨ ਕਰਨ ਲਈ ਵਿਕਸਤ ਖੇਤੀਬਾੜੀ ਸੰਕਲਪ ਅਭਿਆਨ ਤਹਿਤ 29 ਮਈ ਤੋਂ 12 ਜੂਨ ਤਕ ਦੇਸ਼ ਭਰ 'ਚ ਇੱਕ ਮੁਹਿੰਮ ਚਲਾਈ ਜਾਏਗੀ.
- BJP ਦੇ ਰਾਸ਼ਟਰੀ ਜਨਰਲ ਸਕੱਤਰ, ਤਰੁਣ ਚੁੱਘ ਨੇ ਕਿਹਾ ਏ ਕਿ 8 ਮਈ ਨੂੰ ਅੰਮ੍ਰਿਤਸਰ ਦੇ ਸ੍ਰੀ ਹਰਿਮੰਦਰ ਸਾਹਿਬ 'ਤੇ ਪਾਕਿਸਤਾਨ ਵੱਲੋਂ ਕੀਤਾ ਗਿਆ ਕਥਿਤ ਹਵਾਈ ਹਮਲਾ ਪਾਕਿਸਤਾਨੀ ਫੌਜ ਅਤੇ ਸਰਕਾਰ ਦੀ ਮਾਨਸਿਕ ਦੇ ਦਿਵਾਲਿਏਪਨਪਨ ਨੂੰ ਦਰਸਾਉਂਦਾ ਏ ।
- ਪੰਜਾਬ ਪੁਲਿਸ ਨੇ ਸੰਵੇਦਨਸ਼ੀਲ ਫੌਜੀ ਜਾਣਕਾਰੀ ਲੀਕ ਕਰਨ ਵਿੱਚ ਸ਼ਾਮਲ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ .
- IPL ਕ੍ਰਿਕੇਟ ਵਿੱਚ, ਅੱਜ ਲਖਨਊ ਦੇ ਏਕਾਨਾ ਕ੍ਰਿਕੇਟ ਸਟੇਡੀਅਮ ਵਿੱਚ, ਮੇਜ਼ਬਾਨ ਲਖਨਊ ਸੁਪਰ ਜਾਇੰਟਸ ਦਾ ਮੁਕਾਬਲਾ ਸਨਰਾਈਜ਼ਰਜ਼ ਹੈਦਰਾਬਾਦ ਨਾਲ ਹੋਵੇਗਾ। ਇਹ ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ।